**ਸੂਹੀ ਮਹਲਾ ੫ ॥ ਪੇਖਤ ਚਾਖਤ ਕਹੀਅਤ ਅੰਧਾ ਸੁਨੀਅਤ ਸੁਨੀਐ ਨਾਹੀ ॥ ਨਿਕਟਿ ਵਸਤੁ ਕਉ ਜਾਣੈ ਦੂਰੇ ਪਾਪੀ ਪਾਪ ਕਮਾਹੀ ॥੧॥ ਸੋ ਕਿਛੁ ਕਰਿ ਜਿਤੁ ਛੁਟਹਿ ਪਰਾਨੀ ॥ ਹਰਿ ਹਰਿ ਨਾਮੁ ਜਪਿ ਅੰਮ੍ਰਿਤ ਬਾਨੀ ॥੧॥ ਰਹਾਉ ॥ ਘੋਰ ਮਹਲ ਸਦਾ ਰੰਗਿ ਰਾਤਾ ॥ ਸੰਗਿ ਤੁਮ੍ਹਾਰੈ ਕਛੂ ਨ ਜਾਤਾ ॥੨॥ ਰਖਹਿ ਪੋਚਾਰਿ ਮਾਟੀ ਕਾ ਭਾਂਡਾ ॥ ਅਤਿ ਕੁਚੀਲ ਮਿਲੈ ਜਮ ਡਾਂਡਾ ॥ ੩॥ ਕਾਮ ਕ੍ਰੋਧਿ ਲੋਭਿ ਮੋਹਿ ਬਾਧਾ ॥ ਮਹਾ ਗਰਤ ਮਹਿ ਨਿਘਰਤ ਜਾਤਾ ॥ ੪॥ ਨਾਨਕ ਕੀ ਅਰਦਾਸਿ ਸੁਣੀਜੈ ॥ ਡੂਬਤ ਪਾਹਨ ਪ੍ਰਭ ਮੇਰੇ ਲੀਜੈ ॥੫॥੧੪॥੨੦॥ {ਪੰਨਾ 741}**

ਪਦਅਰਥ:- ਚਾਖਤ—{C˜`—ਵੇਖਣਾ} ਵੇਖਦਾ। ਪੇਖਤ ਚਾਖਤ—ਵੇਖਦਾ ਚਾਖਦਾ। ਸੁਨੀਅਤ—ਸੁਣਦਿਆਂ। ਨਿਕਟਿ—ਨੇੜੇ। ਕਮਾਹੀ—ਕਮਾਹਿ, ਕਮਾਂਦੇ ਹਨ।1।

ਜਿਤੁ—ਜਿਸ (ਕੰਮ) ਦੀ ਰਾਹੀਂ। ਛੁਟਹਿ—(ਵਿਕਾਰਾਂ ਤੋਂ) ਬਚ ਸਕੇਂ। ਪਰਾਨੀ—ਹੇ ਪ੍ਰਾਣੀ! ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੀ।1। ਰਹਾਉ।

ਘੋਰ—ਘੋੜੇ। ਰੰਗਿ—ਪ੍ਰੇਮ ਵਿਚ। ਰਾਤਾ—ਮਸਤ। ਸੰਗਿ—ਨਾਲ।2।

ਪੋਚਾਰਿ—ਪੋਚ ਪਾਚ ਕੇ, ਬਾਹਰੋਂ ਬਣਾ ਕੇ ਸਵਾਰ ਕੇ। ਰਖਹਿ—ਤੂੰ ਰੱਖਦਾ ਹੈਂ। ਅਤਿ ਕੁਚੀਲ—ਬਹੁਤ ਹੀ ਗੰਦਾ। ਜਮ ਡਾਂਡਾ—ਜਮ ਦਾ ਡੰਨ।3।

ਕ੍ਰੋਧਿ—ਕ੍ਰੋਧ ਵਿਚ। ਬਾਧਾ—ਬੱਝਾ ਹੋਇਆ। ਗਰਤ—ਟੋਆ। ਨਿਘਰਤ ਜਾਤਾ—ਧਸਦਾ ਜਾਂਦਾ ਹੈ।4।

ਪਾਹਨ—ਪੱਥਰ। ਪ੍ਰਭ—ਹੇ ਪ੍ਰਭੂ!।5।

ਅਰਥ:- ਹੇ ਪ੍ਰਾਣੀ! ਕੋਈ ਉਹ ਕੰਮ ਕਰ ਜਿਸ ਦੀ ਬਰਕਤਿ ਨਾਲ ਤੂੰ (ਵਿਕਾਰਾਂ ਤੋਂ) ਬਚਿਆ ਰਹਿ ਸਕੇਂ। ਸਦਾ ਪਰਮਾਤਮਾ ਦਾ ਨਾਮ ਜਪਿਆ ਕਰ। (ਪ੍ਰਭੂ ਦੀ ਸਿਫ਼ਿਤ-ਸਾਲਾਹ ਦੀ) ਬਾਣੀ ਆਤਮਕ ਜੀਵਨ ਦੇਣ ਵਾਲੀ ਹੈ।1। ਰਹਾਉ।

ਹੇ ਭਾਈ! (ਪਰਮਾਤਮਾ ਹਰ ਵੇਲੇ ਮਨੁੱਖ ਦੇ ਅੰਗ-ਸੰਗ ਵੱਸਦਾ ਹੈ, ਪਰ ਮਨੁੱਖ ਉਸ ਨੂੰ ਵੇਖਦਾ ਨਹੀਂ। ਇਸ ਵਾਸਤੇ, ਦੁਨੀਆ ਦੇ ਹੋਰ ਸਾਰੇ ਪਦਾਰਥ) ਵੇਖਦਾ ਚਾਖਦਾ ਹੋਇਆ ਭੀ (ਆਤਮਕ ਜੀਵਨ ਵਲੋਂ) ਅੰਨ੍ਹਾ ਹੀ ਕਿਹਾ ਜਾ ਸਕਦਾ ਹੈ, (ਦੁਨੀਆ ਦੇ ਹੋਰ ਰਾਗ ਨਾਦ) ਸੁਣਦਾ ਹੋਇਆ ਭੀ (ਪਰਮਾਤਮਾ ਦੀ ਸਿਫ਼ਤਿ-ਸਾਲਾਹ ਨਹੀਂ ਸੁਣ ਰਿਹਾ (ਆਤਮਕ ਜੀਵਨ ਵਲੋਂ ਬੋਲਾ ਹੀ ਹੈ)। ਨੇੜੇ ਵੱਸ ਰਹੇ (ਨਾਮ-) ਪਦਾਰਥ ਨੂੰ ਕਿਤੇ ਦੂਰ ਸਮਝਦਾ ਹੈ। ਇਸ ਉਕਾਈ ਦੇ ਕਾਰਨ) ਵਿਕਾਰਾਂ ਵਿਚ ਫਸੇ ਹੋਏ ਮਨੁੱਖ ਵਿਕਾਰ ਹੀ ਕਰਦੇ ਰਹਿੰਦੇ ਹਨ।1।

ਹੇ ਪ੍ਰਾਣੀ! ਤੂੰ ਸਦਾ ਘੋੜੇ ਮਹਲ-ਮਾੜੀਆਂ ਆਦਿਕ ਦੇ ਪਿਆਰ ਵਿਚ ਮਸਤ ਰਹਿੰਦਾ ਹੈਂ, (ਪਰ ਇਹਨਾਂ ਵਿਚੋਂ) ਕੋਈ ਭੀ ਚੀਜ਼ ਤੇਰੇ ਨਾਲ ਨਹੀਂ ਜਾ ਸਕਦੀ।2।

ਹੇ ਪ੍ਰਾਣੀ! ਤੂੰ ਇਸ ਮਿੱਟੀ ਦੇ ਭਾਂਡੇ (ਸਰੀਰ) ਨੂੰ (ਬਾਹਰੋਂ) ਬਣਾ ਸੰਵਾਰ ਕੇ ਰੱਖਦਾ ਹੈਂ; (ਪਰ ਅੰਦਰੋਂ ਵਿਕਾਰਾਂ ਨਾਲ ਇਹ) ਬਹੁਤ ਗੰਦਾ ਹੋਇਆ ਪਿਆ ਹੈ। (ਇਹੋ ਜਿਹੇ ਜੀਵਨ ਵਾਲੇ ਨੂੰ ਤਾਂ) ਜਮਾਂ ਦੀ ਸਜ਼ਾ ਮਿਲਿਆ ਕਰਦੀ ਹੈ।3।

ਹੇ ਪ੍ਰਾਣੀ! ਤੂੰ ਕਾਮ ਕ੍ਰੋਧ ਵਿਚ, ਲੋਭ ਵਿਚ ਮੋਹ ਵਿਚ ਬੱਝਾ ਪਿਆ ਹੈਂ। ਵਿਕਾਰਾਂ ਦੇ ਵੱਡੇ ਹੋਏ ਵਿਚ (ਹੋਰ ਹੋਰ) ਖੁੱਭਦਾ ਜਾ ਰਿਹਾ ਹੈਂ।4।

ਹੇ ਮੇਰੇ ਪ੍ਰਭੂ! (ਆਪਣੇ ਦਾਸ) ਨਾਨਕ ਦੀ ਅਰਜ਼ੋਈ ਸੁਣ। ਅਸਾਂ ਡੁੱਬ ਰਹੇ ਪੱਥਰਾਂ ਨੂੰ ਡੁੱਬਣੋਂ ਬਚਾ ਲੈ।5।14। 20।